**ਪੰਜਾਬ ਵਿਧਾਨ ਸਭਾ**

ਬੁਲੇਟਿਨ ਨੰ: 7

ਬੁੱਧਵਾਰ, 29 ਜੂਨ, 2022

(02.30 ਵਜੇ ਬਾਅਦ ਦੁਪਹਿਰ ਤੋਂ 05.50 ਵਜੇ ਸ਼ਾਮ ਤੱਕ)

1. **ਪ੍ਰਸ਼ਨ**

(ੳ) ਸਭ ਤੋਂ ਪਹਿਲਾਂ ਮੁਲਤਵੀ ਕੀਤਾ ਨਿਸ਼ਾਨ ਵਾਲਾ ਪ੍ਰਸ਼ਨ ਨੰ: 280 ਲਿਆ ਗਿਆ, ਜਿਸ ਤੇ ਦੋ ਅਨੁਪੂਰਕ ਹੋਏ।

(ਅ) **ਨਿਸ਼ਾਨ ਵਾਲੇ ਪ੍ਰਸ਼ਨ** :

| ਕ੍ਰਮ ਪੱਤਰ ਤੇ ਕੁੱਲ ਪ੍ਰਸ਼ਨ | ਉੱਤਰ ਦਿੱਤੇ ਗਏ | ਪੁਛੇ ਨਾ ਗਏ | ਮੁਲਤਵੀ ਕੀਤੇ ਗਏ | ਨਿਯਮ 38 ਅਧੀਨ ਉੱਤਰ ਦਿੱਤੇ ਗਏ | ਅਨੁਪੂਰਕਾਂ ਦੀ ਗਿਣਤੀ |
|---|---|---|---|---|---|
| 20 | 8 | -- | 1 | 11 | 20 |

(ੲ) **ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ** : 8

2. **ਮੇਜ਼ ਤੇ ਰੱਖੇ ਜਾਣ ਵਾਲੇ ਕਾਗਜ਼-ਪੱਤਰ**

ਸਿੱਖਿਆ ਮੰਤਰੀ ਨੇ ਅੱਜ ਦੀ ਕਾਰਜ-ਸੂਚੀ ਦੇ ਲੜੀ ਨੰ: I-ੳ ਅਧੀਨ ਦਰਸਾਏ ਗਏ ਲੜੀ ਨੰ: I ਤੋਂ XV ਤੱਕ ਵਰਣਿਤ ਕਾਗਜ਼-ਪੱਤਰ ਸਦਨ ਦੀ ਮੇਜ਼ ਤੇ ਰੱਖੇ।

3. **ਮਾਨਯੋਗ ਸਪੀਕਰ ਵੱਲੋਂ ਸਵਾਗਤੀ ਐਲਾਨ**

ਮਾਨਯੋਗ ਸਪੀਕਰ ਵੱਲੋਂ ਸ੍ਰੀ ਰਾਘਵ ਚੱਢਾ, ਮਾਨਯੋਗ ਮੈਂਬਰ, ਰਾਜ ਸਭਾ, ਮਾਨਯੋਗ ਮੁਖ ਮੰਤਰੀ ਜੀ ਦੇ ਸਤਿਕਾਰਯੋਗ ਮਾਤਾ ਜੀ ਅਤੇ ਹੋਰ ਪਰਿਵਾਰਕ ਮੈਂਬਰ, ਸ. ਬਾਬੂ ਸਿੰਘ ਮਾਨ (ਮਾਨ ਮਰਾੜਾਂ ਵਾਲਾ), ਉਘੇ ਗੀਤਕਾਰ ਅਤੇ ਸ੍ਰੀ ਨਿਰੰਜਨ ਪੁਜਾਰੀ, ਮਾਨਯੋਗ ਵਿੱਤ ਅਤੇ ਸੰਸਦੀ ਮਾਮਲੇ ਮੰਤਰੀ, ਉਡੀਸ਼ਾ ਦੇ ਸਦਨ ਵਿੱਚ ਹਾਜ਼ਰ ਹੋਣ ਬਾਰੇ ਸਦਨ ਨੂੰ ਜਾਣੂ ਕਰਵਾਇਆ ਗਿਆ ਅਤੇ ਸਮੂਹ ਸਦਨ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਕਿਹਾ ਗਿਆ।

4. **ਸਾਲ 2022-23 ਲਈ ਬਜਟ ਅਨੁਮਾਨ**

ਸਾਲ 2022-23 ਲਈ ਬਜਟ ਅਨੁਮਾਨਾਂ ਤੇ ਮੁੜ ਬਹਿਸ ਕਰਨਾ।

ਬਹਿਸ ਵਿੱਚ ਹਿੱਸਾ ਲੈਂਦੇ ਸਮੇਂ ਸ੍ਰੀ ਅਮਨ ਅਰੋੜਾ, ਆਮ ਆਦਮੀ ਪਾਰਟੀ 28 ਮਿੰਟ ਲਈ ਬੋਲੇ।

ਬਹਿਸ ਵਿੱਚ ਹਿੱਸਾ ਲੈਂਦੇ ਹੋਏ ਮੁੱਖ ਮੰਤਰੀ 32 ਮਿੰਟ ਲਈ ਬੋਲੇ।

ਬਹਿਸ ਦਾ ਜਵਾਬ ਦਿੰਦੇ ਸਮੇਂ ਵਿੱਤ ਮੰਤਰੀ 38 ਮਿੰਟ ਲਈ ਬੋਲੇ।

5. **ਵਿੱਤੀ ਕੰਮ-ਕਾਰ**

I. **ਸਾਲ 2022 -23 ਲਈ ਬਜਟ ਅਨੁਮਾਨਾਂ ਸਬੰਧੀ ਗ੍ਰਾਂਟਾਂ ਲਈ ਮੰਗਾਂ ਤੇ ਬਹਿਸ ਅਤੇ ਵੋਟਿੰਗ**

ਕਾਰਜਸੂਚੀ ਵਿੱਚ ਦਰਜ ਮੰਗ ਨੰ. 1 ਤੋਂ 42 ਤੱਕ ਸਦਨ ਦੀ ਵੋਟਿੰਗ ਲਈ ਰੱਖੀਆਂ ਗਈਆਂ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਈਆਂ।

II. **ਪੰਜਾਬ ਨਮਿੱਤਣ (ਨੰ. 2) ਬਿਲ, 2022**

ਵਿੱਤ ਮੰਤਰੀ ਨੇ ਪੰਜਾਬ ਨਮਿੱਤਣ (ਨੰ: 2) ਬਿਲ, 2022 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ਾਂ 2 ਤੋਂ 4 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਸ਼ਡਿਊਲ, ਕਲਾਜ਼ 1 ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਏ।

ਵਿੱਤ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਕਿ ਪੰਜਾਬ ਨਮਿੱਤਣ (ਨੰ. 2) ਬਿਲ, 2022 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਇਸ ਉਪਰੰਤ ਸਦਨ ਵੀਰਵਾਰ, ਮਿਤੀ 30 ਜੂਨ, 2022 ਦੇ 10.00 ਵਜੇ ਪੂਰਵ ਦੁਪਹਿਰ ਤੱਕ ਸਥੱਗਿਤ ਹੋ ਗਿਆ।

**ਚੰਡੀਗੜ੍ਹ।** **ਸੁਰਿੰਦਰ ਪਾਲ**

**29 ਜੂਨ, 2022** **ਸਕੱਤਰ।**

1/7/22

Principal Chief Reporter
Punjab Vidhan Sabha
Chandigrah